# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

## ਨਗਰ ਨਿਗਮ ਦੀ ਵਿੱਤ ਅਤੇ ਠੇਕਾ ਕਮੇਟੀ ਨੇ ਪਾਵਰ ਕਾਰਪੋਰੇਸ਼ਨ ਵੱਲੋਂ ਬਿਜਲੀ ਦੀ ਕੇਬਲ ਕਾਰਨ ਖਰਾਬ ਹੋਈਆਂ ਸੜਕਾਂ ਬਣਾਉਣ ਲਈ ਦਿੱਤੀ 60.33 ਲੱਖ ਰੁਪਏ ਦੀ ਪ੍ਰਵਾਨਗੀ....ਮੇਅਰ ਸ਼ਿਵ ਸੂਦ

## ਪਾਣੀ ਅਤੇ ਸੀਵਰੇਜ਼ ਦੇ ਬਿੱਲ ਕਪਿੰਊਟਰਰਾਈਜਡ ਅਤੇ ਓਨਲਾਈਨ ਕਰਨ ਦੀ ਪ੍ਰਵਾਨਗੀ।

ਹੁਸ਼ਿਆਰਪੁਰ 28 ਜੁਲਾਈ ਨਗਰ ਨਿਗਮ ਹੁਸ਼ਿਆਰਪੁਰ ਦੇ ਵੱਖ ਵੱਖ ਵਾਰਡਾਂ ਵਿਚ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਲਈ ਬਣਾਈ ਗਈ ਵਿੱਤ ਅਤੇ ਠੇਕਾ ਕਮੇਟੀ ਦੀ ਮੀਟਿੰਗ ਮੇਅਰ ਸ਼ਿਵ ਸੂਦ ਦੀ ਪ੍ਰਧਾਨਗੀ ਹੇਠ ਮੇਅਰ ਹਾਊਸ ਵਿਖੇ ਆਯੋਜਿਤ ਕੀਤੀ ਗਈ। ਵਿੱਤ ਅਤੇ ਠੇਕਾ ਕਮੇਟੀ ਦੇ ਮੈਂਬਰ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਡਿਪਟੀ ਮੇਅਰ ਸ਼ੁਕਲਾ ਦੇਵੀ ਸ਼ਰਮਾ, ਕੌਂਸਲਰ ਸ਼੍ਰੀਮਤੀ ਕਵਿਤਾ ਪਰਮਾਰ, ਕਾਰਜਕਾਰੀ ਇੰਜੀਨੀਅਰ ਸਤੀਸ਼ ਸੈਣੀ, ਇੰਸ: ਵਿਜੇ ਕੁਮਾਰ, ਪਵਨ ਭੱਟੀ ਅਤੇ ਰਾਜਨ ਵੀ ਇਸ ਮੀਟਿੰਗ ਵਿਚ ਹਾਜਰ ਸਨ।

ਮੀਟਿੰਗ ਵਿਚ ਨਗਰ ਨਿਗਮ ਹੁਸ਼ਿਆਰਪੁਰ ਦੇ ਵੱਖ ਵੱਖ ਵਾਰਡਾਂ ਵਿਚ ਜਰੂਰੀ ਵਿਕਾਸ ਦੇ ਕੰਮਾਂ ਸਬੰਧੀ ਵਿਚਾਰ ਵਟਾਂਦਰਾਂ ਕੀਤਾ ਗਿਆ। ਇਸ ਮੌਕੇ ਤੇ ਠੇਕਾ ਕਮੇਟੀ ਦੇ ਮੈਂਬਰਾਂ ਨੇ ਕਿਹਾ ਕਿ ਨਗਰ ਨਿਗਮ ਦੇ ਵੱਖ ਵੱਖ ਵਾਰਡਾਂ ਵਿਚ ਚੱਲ ਰਹੇ ਕੰਮਾਂ ਦੀ ਗੁਣਵਤਾ ਨੂੰ ਕਾਇਮ ਰੱਖਣ ਲਈ ਮੌਕੇ ਤੇ ਚੈਕਿੰਗ ਕੀਤੀ ਜਾਵੇ। ਮੇਅਰ ਸ਼ਿਵ ਸੂਦ ਨੇ ਇਸ ਮੋਕੇ ਤੇ ਜਾਣਕਾਰੀ ਦਿੰਦਿਆ ਦਸਿਆ ਕਿ ਵਿੱਤ ਅਤੇ ਠੇਕਾ ਕਮੇਟੀ ਵਲੋਂ ਨਗਰ ਨਿਗਮ ਦੀਆਂ ਵੱਖ-ਵੱਖ ਸੜਕਾਂ ਤੇ ਪਾਵਰ ਕਾਰਪੋਰੇਸ਼ਨ ਵੱਲੋਂ ਪਾਈ ਗਈ ਬਿਜਲੀ ਦੀ ਕੇਬਲ ਕਾਰਨ ਖਰਾਬ ਹੋਈਆਂ ਸੜਕਾਂ ਤੇ ਪ੍ਰੀਮਿਕਸ ਦੇ ਕੰਮ ਨੂੰ ਕਰਵਾਉਣ ਲਈ 60.33 ਲੱਖ ਰੁਪਏ ਦੀ ਪ੍ਰਵਾਨਗੀ ਦਿੱਤੀ ਹੈ ਅਤੇ ਇਹ ਕੰਮ ਜਲਦੀ ਹੀ ਸ਼ੁਰੂ ਕਰਵਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਕਾਰਪੋਰੇਸ਼ਨ ਵੱਲੋਂ ਪਾਣੀ ਅਤੇ ਸੀਵਰੇਜ਼ ਦੇ ਬਿੱਲ ਬਣਾਉਣ ਦੇ ਕੰਮ ਨੂੰ ਕਪਿੰਊਟਰਰਾਈਜਡ ਅਤੇ ਓਨਲਾਈਨ ਕਰਨ ਸਬੰਧੀ ਪ੍ਰਵਾਨਗੀ ਦਿੱਤੀ ਗਈ ਹੈ। ਇਸ ਨਾਲ ਸ਼ਹਿਰ ਵਾਸੀਆਂ ਨੂੰ ਆਪਣੇ ਪਾਣੀ ਅਤੇ ਸੀਵਰੇਜ਼ ਦੇ ਬਿੱਲ ਅਦਾ ਕਰਨ ਵਿੱਚ ਕਾਫੀ ਸਹੂਲਤ ਮਿਲੇਗੀ।ਉਹਨ੍ਹਾਂ ਹੋਰ ਦਸਿੱਆ ਕਿ ਸੁਖੀਆਬਾਦ ਵਿੱਚ ਪੁਰਾਣੇ ਅਤੇ ਖਰਾਬ ਹੋਏ ਟਿਊਬਵੈੱਲ ਨੂੰ ਰੀ- ਬੋਰ ਕਰਨ ਸਬੰਧੀ ਵੀ ਵਿੱਤ ਅਤੇ ਠੇਕਾ ਕਮੇਟੀ ਵੱਲੋਂ ਪ੍ਰਵਾਨਗੀ ਦਿੱਤੀ ਗਈ ਹੈ।